ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ
ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2024666102/12 ਮਿਤੀ:ਐਸ.ਏ.ਐਸ ਨਗਰ: 08-09-2024

1. ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ।
2. ਵਿਭਾਗ ਦੇ ਮੀਮੋ ਨੰ: ਟਰਾਂਸਫਰਸੈੱਲ/2024666102/9, ਮਿਤੀ 04-09-2024 ਰਾਹੀਂ ਜਨਤਕ ਸੂਚਨਾ ਰਾਹੀਂ 6635 ਭਰਤੀ ਅਧੀਨ ਨਿਯੁਕਤ ਹੋਏ ਈਟੀਟੀ ਟੀਚਰ ਜਿੰਨਾਂ ਦਾ ਪਰਖਕਾਲ ਸਮਾਂ ਅਜੇ ਕਲੀਅਰ ਨਹੀ ਹੈ, ਨੂੰ ਸਰਕਾਰ ਵੱਲੋਂ ਕੀਤੇ ਫੈਸਲੇ ਅਨੁਸਾਰ ਬਦਲੀ ਕਰਵਾਉਣ ਲਈ ਇੱਕ ਸਪੈਸ਼ਲ ਮੌਕਾ ਦਿੰਦੇ ਹੋਏ, ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 04-09-2024 ਤੱਕ ਮੰਗੀਆਂ ਗਈਆਂ ਸਨ। ਦਰਖਾਸਤ ਕਰਤਾਵਾਂ ਵੱਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record **ਭਰੇ ਗਏ ਹਨ।** ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸ ਦੀ ਤਸਦੀਕ ਡੀ.ਡੀ.ਓ ਵਲੋਂ ਮਿਤੀ 05.09.2024 ਤੱਕ ਕੀਤੀ ਗਈ ਸੀ।
3. ਉਪਰੋਕਤ ਜਨਤਕ ਸੂਚਨਾ ਅਨੁਸਾਰ ਜਿਨ੍ਹਾਂ ਦਰਖਾਸਤ ਕਰਤਾਵਾਂ ਨੇ ਬਦਲੀ ਲਈ ਬੇਨਤੀ ਕੀਤੀ ਹੈ ਅਤੇ ਉਹ ਬਦਲੀ ਕਰਵਾਉਣਾ ਚਾਹੁੰਦੇ ਹਨ, ਤਾਂ ਉਹ ਈਪੰਜਾਬ ਪੋਰਟਲ ਤੇ Login ਕਰਕੇ Station Choice ਮਿਤੀ 09-09-2024 ਸਮਾਂ ਸ਼ਾਮ 4:00 ਵਜੇ ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ-ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਬਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।
4. ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।
5. ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਬਧ ਹੈ।

**ਸਹਾਇਕ ਡਾਇਰੈਕਟਰ (ਅਮਲਾ-1)**